5ਵੀਂ ਵਿਧਾਨ ਸਭਾ
ਾਰਵਾਂ ਸਮਾਗਮ, 2020

ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ. 1

ਸ਼ੁੱਕਰਵਾਰ, 28 ਅਗਸਤ, 2020
(11.00 ਵਜੇ ਸਵੇਰ ਤੋਂ 01.47 ਵਜੇ ਬਾਅਦ ਦੁਪਹਿਰ ਤੱਕ)

1. ਅਕਾਲ ਚਲਾਣਿਆਂ ਦਾ ਵਰਣਨ

ਮਾਨਯੋਗ ਸਪੀਕਰ ਵੱਲੋਂ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ :-

1. ਸਰਦਾਰ ਗੁਰਦਾਸ ਸਿੰਘ ਬਾਦਲ, ਸਾਬਕਾ ਐਮ.ਪੀ;
2. ਜਥੇਦਾਰ ਚਤਿੰਨ ਸਿੰਘ ਸਮਾਉਂ, ਸਾਬਕਾ ਐਮ.ਪੀ;
3. ਸਰਦਾਰ ਹਰੀ ਸਿੰਘ ਜ਼ੀਰਾ, ਸਾਬਕਾ ਰਾਜ ਮੰਤਰੀ;
4. ਜਸਟਿਸ (ਰਿਟਾਇਰਡ) ਸਤਪਾਲ ਬੰਗੜ;
5. ਸ੍ਰੀ ਬਲਬੀਰ ਸਿੰਘ, ਹਾਕੀ ਓਲੰਪੀਅਨ;
6. ਭਾਈ ਨਿਰਮਲ ਸਿੰਘ ਜੀ ਖਾਲਸਾ, ਹਜ਼ੂਰੀ ਰਾਗੀ;
7. ਸ਼ਹੀਦ ਮਨਦੀਪ ਸਿੰਘ, ਨਾਇਬ ਸੂਬੇਦਾਰ;
8. ਸ਼ਹੀਦ ਸਤਨਾਮ ਸਿੰਘ, ਨਾਇਬ ਸੂਬੇਦਾਰ;
9. ਸ਼ਹੀਦ ਰਾਜੇਸ਼ ਕੁਮਾਰ, ਨਾਇਕ;
10. ਸ਼ਹੀਦ ਰਾਜਵਿੰਦਰ ਸਿੰਘ, ਨਾਇਕ;
11. ਸ਼ਹੀਦ ਸਲੀਮ ਖਾਨ, ਨਾਇਕ;
12. ਸ਼ਹੀਦ ਗੁਰਚਰਨ ਸਿੰਘ, ਨਾਇਕ;
13. ਸ਼ਹੀਦ ਗੁਰਬਿੰਦਰ ਸਿੰਘ, ਸੈਨਿਕ;
14. ਸ਼ਹੀਦ ਲਖਵੀਰ ਸਿੰਘ, ਸੈਨਿਕ;
15. ਸ਼ਹੀਦ ਗੁਰਤੇਜ ਸਿੰਘ, ਸੈਨਿਕ;
16. ਸ੍ਰੀ ਸਤੀਸ਼ ਗੁਜਰਾਲ, ਕਲਾਕਾਰ;
17. ਸ੍ਰੀ ਸੁੱਚਾ ਸਿੰਘ, ਸੁਤੰਤਰਤਾ ਸੰਗਰਾਮੀ;
18. ਸ੍ਰੀ ਪਿਆਰਾ ਸਿੰਘ, ਸੁਤੰਤਰਤਾ ਸੰਗਰਾਮੀ;
19. ਸ੍ਰੀ ਤਖ਼ਤ ਸਿੰਘ, ਸੁਤੰਤਰਤਾ ਸੰਗਰਾਮੀ;
20. ਸ੍ਰੀ ਅਜੀਤ ਸਿੰਘ, ਸੁਤੰਤਰਤਾ ਸੰਗਰਾਮੀ;
21. ਸ੍ਰੀ ਵਰਿਆਮ ਸਿੰਘ, ਸੁਤੰਤਰਤਾ ਸੰਗਰਾਮੀ;
22. ਸ੍ਰੀ ਸੰਤੋਖ ਸਿੰਘ, ਸੁਤੰਤਰਤਾ ਸੰਗਰਾਮੀ;
23. ਸ੍ਰੀ ਦਲੀਪ ਸਿੰਘ, ਸੁਤੰਤਰਤਾ ਸੰਗਰਾਮੀ; ਅਤੇ
24. ਸ੍ਰੀ ਜਸਵੰਤ ਸਿੰਘ ਗਿੱਲ, ਇੰਜੀਨੀਅਰ।

ਮਾਨਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਨ੍ਹਾਂ ਤੋਂ ਇਲਾਵਾ ਮਾਨਯੋਗ ਸਪੀਕਰ ਦੁਆਰਾ ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ ਦੇ ਸਤਿਕਾਰਯੋਗ ਮਾਤਾ ਸ੍ਰੀਮਤੀ ਹਰਮਿੰਦਰ ਕੌਰ, ਜੈਨ ਸੰਪਰਦਾਇ ਦੇ ਅਚਾਰਿਆ ਮਹਾਂਪ੍ਰਗਿਆ ਜੀ, ਸ੍ਰੀ ਅਰੁਣ ਡੋਗਰਾ, ਮੈਂਬਰ ਦੇ ਸਤਿਕਾਰਯੋਗ ਮਾਤਾ ਸ੍ਰੀਮਤੀ ਸੁਰਿੰਦਰ ਡੋਗਰਾ ਅਤੇ ਕੋਵਿਡ-19 ਮਹਾਂਮਾਰੀ ਕਾਰਨ ਜਿਨ੍ਹਾਂ ਪੰਜਾਬ ਵਾਸੀਆਂ ਦੀ ਜਾਨ ਗਈ ਨੂੰ ਵੀ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਤੋਂ ਇਲਾਵਾ ਸਰਦਾਰ ਬਲਬੀਰ ਸਿੰਘ ਸਿੱਧੂ ਦੁਆਰਾ ਕੋਵਿਡ-19 ਦੌਰਾਨ ਸੇਵਾ ਕਰਦਿਆਂ ਮਾਰੇ ਗਏ ਮੁਲਾਜ਼ਮਾਂ ਅਤੇ ਸਰਦਾਰ ਕੁਲਤਾਰ ਸਿੰਘ ਸੰਧਵਾਂ, ਮੈਂਬਰ ਦੁਆਰਾ ਮਲੋਟ ਤੋਂ ਪ੍ਰਿੰਸੀਪਲ ਬਲਦੇਵ ਸਿੰਘ ਅਜ਼ਾਦ, ਨਾਮਵਰ ਸਾਹਿਤਕਾਰ ਦੇ ਨਾਂ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਦੇ ਨਾਵਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਦੁਖੀ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੌਨ ਧਾਰਨ ਕੀਤਾ।

2. ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ

ਮਾਨਯੋਗ ਸਪੀਕਰ ਵੱਲੋਂ ਸ਼ਰਧਾਂਜਲੀਆਂ ਭੇਂਟ ਕਰਨ ਉਪਰੰਤ ਸਤਿਕਾਰ ਵਜੋਂ ਸਦਨ ਇਕ ਘੰਟੇ ਲਈ 12.13 ਵਜੇ ਦੁਪਹਿਰ ਤੱਕ ਲਈ ਸਥਗਿਤ ਕੀਤਾ ਗਿਆ।

3. ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 28.08.2020 ਨੂੰ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਵਿੱਤ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਸ਼੍ਰੀ ਅਮਨ ਅਰੋੜਾ ਐਮ.ਐਲ.ਏ ਨੇ ਰਿਪੋਰਟ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ 02 ਮਿੰਟ ਲਈ ਬੋਲੇ।

4. ਮਾਨਯੋਗ ਸਪੀਕਰ ਦੁਆਰਾ ਐਲਾਨ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਨ ਨਿਯਮਾਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਹਰਪ੍ਰਤਾਪ ਸਿੰਘ
2. ਸਰਦਾਰ ਗੁਰਕੀਰਤ ਸਿੰਘ ਕੋਟਲੀ
3. ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

5. ਸਕੱਤਰ ਦੁਆਰਾ ਐਲਾਨ

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਗਿਆਰਵੇਂ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

6. ਨਿਯਮ 16 ਅਧੀਨ ਪ੍ਰਸਤਾਵ

ਵਿੱਤ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

7. ਨਿਯਮ ਕਮੇਟੀ ਦੀ ਰਿਪਰਟ ਪੇਸ਼ ਕਰਨਾ

ਮਾਨਯੋਗ ਸਪੀਕਰ ਦੁਆਰਾ ਨਿਯਮ ਕਮੇਟੀ ਦੀ ਰਿਪੋਰਟ ਮੇਜ਼ ਤੇ ਰੱਖੀ ਗਈ ਜਿਵੇਂ ਕਿ ਪੰਜਾਬ ਵਿਧਾਨ ਸਭਾ ਵਿੱਚ ਕਾਰਜਵਿਧੀ ਅਤੇ ਕਾਰਜ ਸੰਚਾਲਨ ਨਿਯਮਾਂਵਲੀ ਦੇ ਨਿਯਮ 232(1) ਅਧੀਨ ਲੋੜੀਂਦਾ ਹੈ।

8. ਸਕੱਤਰ ਵਲੋਂ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਆਯੋਗਤਾ) ਨਿਯਮ, 2020 ਮੇਜ਼ ਤੇ ਮੁੜ ਰੱਖਣਾ

ਸਕੱਤਰ ਦੁਆਰਾ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਅਯੋਗਤਾ) ਨਿਯਮ, 2020 ਜੋ ਕਿ ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ 8 ਦੁਆਰਾ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਪੀਕਰ, ਪੰਜਾਬ ਵਿਧਾਨ ਸਭਾ ਦੁਆਰਾ ਫਰੇਮ ਕੀਤੇ ਗਏ ਹਨ, ਸਦਨ ਦੀ ਮੇਜ਼ ਤੇ ਮੁੜ ਰੱਖੇ, ਜਿਵੇਂ ਕਿ ਪੈਰ੍ਹਾ 8 ਦੇ ਉਪ-ਪੈਰ੍ਹਾ (2) ਅਧੀਨ ਲੋੜੀਂਦਾ ਹੈ।

9. ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ

ਵਿੱਤ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: VIII ਅਧੀਨ ਦਰਸਾਏ ਗਏ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

10. ਰਿਪੋਰਟਾਂ ਪੇਸ਼ ਕਰਨੀਆਂ

ਵਿਸ਼ੇਸ਼ ਅਧਿਕਾਰ ਕਮੇਟੀ ਦੇ ਮੈਂਬਰ (ਸਰਦਾਰ ਫਤਿਹਜੰਗ ਸਿੰਘ ਬਾਜਵਾ) ਨੇ ਵਿਸੇਸ਼ ਅਧਿਕਾਰ ਦੇ ਮਾਮਲਿਆਂ ਸਬੰਧੀ ਨਿਮਨਲਿਖਤ ਦੁਆਰਾ ਉਠਾਏ ਗਏ ਮਾਮਲਿਆਂ ਸਬੰਧੀ ਵਿਸ਼ੇਸ਼ ਅਧਿਕਾਰ ਕਮੇਟੀ ਦੀ ਛੇਵੀਂ/ਸੱਤਵੀਂ/ਅੱਠਵੀਂ ਅੰਤਰਿਮ ਰਿਪੋਰਟਾਂ ਪੇਸ਼ ਕੀਤੀਆਂ:-

i) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

ii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iv) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;

v) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ;

vi) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰਾਂ ਵਿਰੁੱਧ; ਅਤੇ

vii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ।

11. ਵਿਧਾਨਕ ਕੰਮ-ਕਾਰ

1. ਸ਼੍ਰੀ ਗੁਰੂ ਤੇਗ ਬਹਾਦਰ ਸਟੇਟ ਯੂਨੀਵਰਸਿਟੀ ਆਫ਼ ਲਾਅ, ਪੰਜਾਬ ਬਿਲ, 2020

ਉਚੇਰੀ ਸਿੱਖਿਆ ਮੰਤਰੀ ਨੇ ਸ਼੍ਰੀ ਗੁਰੂ ਤੇਗ ਬਹਾਦਰ ਸਟੇਟ ਯੂਨੀਵਰਸਿਟੀ ਆਫ਼ ਲਾਅ, ਪੰਜਾਬ ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 02 ਮਿੰਟ |
| 2. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 02 ਮਿੰਟ |
| 3. | ਪ੍ਰਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 38 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਸ਼੍ਰੀ ਗੁਰੂ ਤੇਗ ਬਹਾਦਰ ਸਟੇਟ ਯੂਨੀਵਰਸਿਟੀ ਆਫ਼ ਲਾਅ, ਪੰਜਾਬ ਬਿਲ, 2020" ਪਾਸ ਕੀਤਾ ਜਾਵੇ ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

2. ਪੰਜਾਬ ਕੈਦੀਆਂ ਦਾ ਚੰਗਾ ਆਚਰਣ (ਅਸਥਾਈ ਰਿਹਾਈ) ਸੋਧਨਾ ਬਿਲ, 2020

ਉਚੇਰੀ ਸਿੱਖਿਆ ਮੰਤਰੀ ਨੇ "ਪੰਜਾਬ ਕੈਦੀਆਂ ਦਾ ਚੰਗਾ ਆਚਰਣ (ਅਸਥਾਈ ਰਿਹਾਈ) ਸੋਧਨਾ ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੇ 3 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਕੈਦੀਆਂ ਦਾ ਚੰਗਾ ਆਚਰਣ (ਅਸਥਾਈ ਰਿਹਾਈ) ਸੋਧਨਾ ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

3. **ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧ) ਬਿਲ, 2020**

ਵਿੱਤ ਮੰਤਰੀ ਨੇ "ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਮਾਸਟਰ ਬਲਦੇਵ ਸਿੰਘ, ਆਮ ਆਦਮੀ ਪਾਰਟੀ | 02 ਮਿੰਟ |
| 2. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 04 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

4. **ਪੰਜਾਬ ਕਲੀਨੀਕਲ ਐਸਟੈਬਲਿਸ਼ਮੈਂਟਸ (ਰਜਿਸਟ੍ਰੇਸ਼ਨ ਅਤੇ ਵਿਨਿਯਮਨ) ਬਿਲ, 2020**

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ "ਪੰਜਾਬ ਕਲੀਨੀਕਲ ਐਸਟੈਬਲਿਸ਼ਮੈਂਟਸ (ਰਜਿਸਟ੍ਰੇਸ਼ਨ ਅਤੇ ਵਿਨਿਯਮਨ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀਆਂ ਸਬ-ਕਲਾਜ਼ਾਂ (2 ਅਤੇ 3), ਕਲਾਜ਼ਾਂ 2 ਤੋਂ 54 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ" ਪੰਜਾਬ ਕਲੀਨੀਕਲ ਐਸਟੈਬਲਿਸ਼ਮੈਂਟਸ (ਰਜਿਸਟ੍ਰੇਸ਼ਨ ਅਤੇ ਵਿਨਿਯਮਨ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

5. **ਦੀ ਕਾਂਟਰੈਕਟ ਲੇਬਰ (ਰੈਗੂਲੇਸ਼ਨ ਐਂਡ ਐਬੋਲਿਸ਼ਨ) (ਪੰਜਾਬ ਸੋਧਨਾ) ਬਿਲ, 2020**

ਕਿਰਤ ਮੰਤਰੀ ਨੇ "ਦੀ ਕਾਂਟਰੈਕਟ ਲੇਬਰ (ਰੈਗੂਲੇਸ਼ਨ ਐਂਡ ਐਬੋਲਿਸ਼ਨ) (ਪੰਜਾਬ ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੇ 3 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਕਿਰਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਕਾਂਟਰੈਕਟ ਲੇਬਰ (ਰੈਗੂਲੇਸ਼ਨ ਐਂਡ ਐਬੋਲਿਸ਼ਨ) (ਪੰਜਾਬ ਸੋਧਨਾ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

6. **ਉਦਯੋਗਿਕ ਝਗੜੇ (ਪੰਜਾਬ ਸੋਧਨਾ) ਬਿਲ, 2020**

ਕਿਰਤ ਮੰਤਰੀ ਨੇ "ਉਦਯੋਗਿਕ ਝਗੜੇ (ਪੰਜਾਬ ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 7 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਕਿਰਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਉਦਯੋਗਿਕ ਝਗੜੇ (ਪੰਜਾਬ ਸੋਧਨਾ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

7. ਦੀ ਪੰਜਾਬ ਗੁਡਜ਼ ਐਂਡ ਸਰਵਿਸਿਜ਼ ਟੈਕਸ (ਦੂਜੀ ਸੋਧਨਾ) ਬਿਲ, 2020

ਵਿੱਤ ਮੰਤਰੀ ਨੇ "ਦੀ ਪੰਜਾਬ ਗੁਡਜ਼ ਐਂਡ ਸਰਵਿਸਿਜ਼ ਟੈਕਸ (ਦੂਜੀ ਸੋਧਨਾ) ਬਿਲ, 2020" ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਹੋਈ ਬਹਿਸ ਵਿੱਚ ਸ਼੍ਰੀ ਅਮਨ ਅਰੋੜਾ, ਮੈਂਬਰ, ਆਮ ਆਦਮੀ ਪਾਰਟੀ ਨੇ ਹਿੱਸਾ ਲਿਆ ਅਤੇ ਉਹ 04 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 16 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਦੀ ਪੰਜਾਬ ਗੁਡਜ਼ ਐਂਡ ਸਰਵਿਸਜ਼ ਟੈਕਸ (ਦੂਜੀ ਸੋਧਨਾ) ਬਿਲ, 2020" ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਹਿਸ ਦਾ ਜਵਾਬ ਦਿੰਦੇ ਹੋਏ ਵਿੱਤ ਮੰਤਰੀ 01 ਮਿੰਟ ਲਈ ਬੋਲੇ।

12. ਮੰਤਰੀ ਵੱਲੋਂ ਸਪੱਸ਼ਟੀਕਰਨ

"ਪੰਜਾਬ ਵਿੱਤੀ ਜ਼ਿੰਮੇਵਾਰੀ ਅਤੇ ਬਜਟ ਪ੍ਰਬੰਧ (ਦੂਜੀ ਸੋਧ) ਬਿਲ, 2020" ਤੇ ਹੋਈ ਬਹਿਸ ਦੌਰਾਨ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਵਿਰੁੱਧ ਪੋਸਟ ਮੈਟ੍ਰਿਕ ਸਕਾਲਰਸ਼ਿਪ ਵਿੱਚ ਹੋਏ ਘਪਲਿਆਂ ਦੇ ਦੋਸ਼ ਲਗਾਏ ਜਾਣ ਤੇ ਸਰਦਾਰ ਸਾਧੂ ਸਿੰਘ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਵੱਲੋਂ ਸਦਨ ਵਿੱਚ ਸਪੱਸ਼ਟੀਕਰਨ ਦਿੱਤਾ ਗਿਆ।

13. ਧਰਨਾ

ਲੋਕ ਇਨਸਾਫ ਪਾਰਟੀ ਦੇ ਮੈਂਬਰ ਸਰਦਾਰ ਬਲਵਿੰਦਰ ਸਿੰਘ ਬੈਂਸ ਅਤੇ ਸਰਦਾਰ ਸਿਮਰਜੀਤ ਸਿੰਘ ਬੈਂਸ ਪੋਸਟ ਮੈਟ੍ਰਿਕ ਸਕਾਲਰਸ਼ਿਪ ਵਿੱਚ ਹੋਏ ਘਪਲਿਆਂ ਦੇ ਖਿਲਾਫ ਪੋਸਟਰ ਲਹਿਰਾਉਂਦੇ ਹੋਏ ਵੈਲ ਆਫ ਦਿ ਹਾਊਸ ਵਿੱਚ ਧਰਨੇ ਤੇ ਬੈਠ ਗਏ।

14. ਸਰਕਾਰੀ ਮਤਾ

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

ਪੰਜਾਬ ਰਾਜ ਵਿਧਾਨ ਸਭਾ ਹੇਠ ਦਰਸਾਏ ਤਿੰਨੋਂ ਆਰਡੀਨੈਂਸਾਂ ਜੋ ਕਿ ਕੇਂਦਰ ਸਰਦਾਰ ਦੁਆਰਾ ਜਾਰੀ ਕੀਤੇ ਗਏ ਹਨ, ਕਾਰਨ ਉਤਪੰਨ ਹੋਏ ਖਦਸ਼ਿਆਂ ਅਤੇ ਪਰੇਸ਼ਾਨੀਆਂ ਪ੍ਰਤੀ ਗੰਭੀਰ ਅਤੇ ਚਿੰਤਤ ਹੈ:-

- The Farmers' Produce Trade and Commerce (Promotion and Facilitation) Ordinance, 2020
- The Farmers (Empowerment and Protection) Agreement on Price Assurance and Farm Services Ordinance, 2020; and
- The Essential Commodities (Amendment) Ordinance, 2020.

ਪ੍ਰਸਤਾਵਿਤ ਬਿਜਲੀ ਸੋਧ ਬਿਲ 2020 ਜੋ ਕਿ ਨਾ ਸਿਰਫ਼ ਪੰਜਾਬ ਦੇ ਲੋਕਾਂ, ਖਾਸ ਕਰਕੇ ਕਿਸਾਨਾਂ ਅਤੇ ਬੇਜ਼ਮੀਨੇ ਮਜ਼ਦੂਰਾਂ ਦੇ ਹਿੱਤਾਂ ਵਿਰੋਧੀ ਹੈ ਸਗੋਂ ਰਾਜ ਵਿੱਚ ਸਥਾਪਿਤ ਕੀਤੀ ਗਈ ਅਤੇ ਸਮੇਂ ਨਾਲ ਉਪਯੋਗੀ ਸਾਬਤ ਹੋਈ ਖੇਤੀਬਾੜੀ ਮੰਡੀਕਰਨ ਪ੍ਰਣਾਲੀ ਅਤੇ ਸੰਵਿਧਾਨ ਦੇ ਵੀ ਵਿਰੁੱਧ ਹੈ। ਸੰਵਿਧਾਨ ਦੀ ਐਂਟਰੀ -14, ਸੂਚੀ ਪੱਤਰ-2 ਵਿੱਚ ਖੇਤੀਬਾੜੀ ਨੂੰ ਰਾਜਾਂ ਦਾ ਵਿਸ਼ਾ ਦਰਸਾਇਆ ਗਿਆ ਹੈ। ਇਸ ਲਈ ਇਹ ਆਰਡੀਨੈਂਸ ਰਾਜਾਂ ਦੇ ਕਾਰਜਾਂ ਵਿੱਚ ਸਿੱਧੀ ਦਖਲਅੰਦਾਜ਼ੀ ਦੇ ਨਾਲ ਨਾਲ ਸੰਵਿਧਾਨ ਵਿੱਚ ਦਰਜ ਸਹਿਕਾਰੀ ਸੰਘਵਾਦ ਦੀ ਭਾਵਨਾ ਦੇ ਵੀ ਵਿਰੁੱਧ ਹਨ। ਇਸ ਲਈ ਇਹ ਸਦਨ ਕੇਂਦਰ ਸਰਕਾਰ ਨੂੰ ਅਪੀਲ ਕਰਦਾ ਹੈ ਕਿ :-

- ਇਨ੍ਹਾਂ ਆਰਡੀਨੈਂਸਾਂ ਅਤੇ ਪ੍ਰਸਾਵਿਤ ਬਿਜਲੀ ਸੋਧ ਬਿਲ, 2020 ਨੂੰ ਤੁਰੰਤ ਵਾਪਸ ਲਿਆ ਜਾਵੇ; ਅਤੇ
- ਇਸ ਦੀ ਬਜਾਏ, ਅਨਾਜ ਅਤੇ ਹੋਰ ਖੇਤੀਬਾੜੀ ਉਪਜਾਂ ਦੀ ਖਰੀਦ ਘੱਟੋ ਘੱਟ ਸਮਰਥਨ ਮੁੱਲ (ਐਮ.ਐਸ.ਪੀ) ਤੇ ਕਰਨ ਸਬੰਧੀ ਇਕ ਨਵਾਂ ਆਰਡੀਨੈਂਸ ਜਾਰੀ ਕੀਤਾ ਜਾਵੇ ਤਾਂ ਜੋ ਕਿਸਾਨਾਂ ਦਾ ਕਾਨੂੰਨੀ ਅਧਿਕਾਰ ਅਤੇ ਸਰਕਾਰੀ ਖਰੀਦ ਭਾਰਤੀ ਖੁਰਾਕ ਨਿਗਮ ਰਾਹੀਂ ਨਿਰੰਤਰ ਜਾਰੀ ਰਹਿ ਸਕੇ।

ਮੁੱਖ ਮੰਤਰੀ ਮਤਾ ਪੇਸ਼ ਕਰਦੇ ਹੋਏ 08 ਮਿੰਟ ਲਈ ਬੋਲੇ।

ਮਤੇ ਤੇ ਹੋਈ ਬਹਿਸ ਤੇ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 04 ਮਿੰਟ |
| 2. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 04 ਮਿੰਟ |
| 3. | ਸਰਦਾਰ ਕੁਲਜੀਤ ਸਿੰਘ ਨਾਗਰਾ, ਸਲਾਹਕਾਰ/ਮੁੱਖ ਮੰਤਰੀ | 04 ਮਿੰਟ |
| 4. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 06 ਮਿੰਟ |
| 5. | ਸਰਦਾਰ ਗੁਰਕੀਰਤ ਸਿੰਘ ਕੋਟਲੀ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |
| 6. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 04 ਮਿੰਟ |
| 7. | ਸ਼੍ਰੀ ਦਿਨੇਸ਼ ਸਿੰਘ, ਭਾਰਤੀ ਜਨਤਾ ਪਾਰਟੀ | 01 ਮਿੰਟ |

ਕੈਪਟਨ ਅਮਰਿੰਦਰ ਸਿੰਘ, ਮਾਨਯੋਗ ਮੁੱਖ ਮੰਤਰੀ ਮਤੇ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 07 ਮਿੰਟ ਲਈ ਬੋਲੇ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ:
28 ਅਗਸਤ, 2020

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।

Editor of Debates,
Punjab Vidhan Sabha,
Chandigarh.